# Visit of External Affairs Minister of India to Qatar (December 27-28, 2020)

December 28, 2020

---

## ਭਾਰਤੀ ਵਿਦੇਸ਼ ਮੰਤਰੀ ਵੱਲੋਂ ਕਤਰ ਦੀ ਫੇਰੀ (27-28 ਦਸੰਬਰ, 2020)

28 ਦਸੰਬਰ, 2020

ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਨੇ 27-28 ਦਸੰਬਰ, 2020 ਤੱਕ ਕਤਰ ਦੀ ਦੋ ਦਿਨਾਂ ਦੀ ਫੇਰੀ ਕੀਤੀ। ਆਪਣੀ ਫੇਰੀ ਦੌਰਾਨ ਉਨ੍ਹਾਂ ਨੇ ਮਹਾਮਹਿਮ ਅਮੀਰ ਅਤੇ ਫਾਦਰ ਅਮੀਰ ਤੋਂ ਛੁੱਟ ਕ਼ਤਰ ਦੇ ਪ੍ਰਧਾਨ ਮੰਤਰੀ ਅਤੇ ਗ੍ਰਿਹ ਮੰਤਰੀ ਨਾਲ ਵੀ ਮੁਲਾਕਾਤ ਕੀਤੀ ਅਤੇ ਉਪ ਪ੍ਰਧਾਨ ਮੰਤਰੀ ਅਤੇ ਵਿਦੇਸ਼ ਮੰਤਰੀ ਨਾਲ ਵਿਸਥਾਰ ਨਾਲ ਵਿਚਾਰ ਵਟਾਂਦਰੇ ਕੀਤੇ।

ਡਾ. ਜੈਸ਼ੰਕਰ ਨੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦਾ ਇੱਕ ਨਿਜੀ ਸੁਨੇਹਾ ਮਹਾਮਹਿਮ ਅਮੀਰ ਸ਼ੇਖ ਤਮੀਮ ਬਿਨ ਹਮਦ ਅਲ ਥਾਨੀ ਨੂੰ ਦਿੱਤਾ, ਜਿਸ ਰਾਹੀਂ ਉਨ੍ਹਾਂ ਨੂੰ ਭਾਰਤ ਆਉਣ ਦਾ ਸੱਦਾ ਦਿੱਤਾ ਗਿਆ ਅਤੇ COVID -19 ਦੌਰਾਨ ਉਨ੍ਹਾਂ ਵੱਲੋਂ ਭਾਰਤੀ ਭਾਈਚਾਰੇ ਦੀ ਖੈਰੀਅਤ ਯਕੀਨੀ ਬਣਾਉਣ ਲਈ ਕਤਰ ਦਾ ਧੰਨਵਾਦ ਕੀਤਾ ਗਿਆ। ਅਮੀਰ ਨੇ ਜਲਦੀ ਹੀ ਭਾਰਤ ਦੀ ਫੇਰੀ ਕਰਨ ਦਾ ਸੱਦਾ ਪਰਵਾਨ ਕਰ ਲਿਆ। ਉਨ੍ਹਾਂ ਨੇ ਪ੍ਰਧਾਨ ਮੰਤਰੀ ਨਾਲ ਟੈਲੀਫੋਨ ਰਾਹੀਂ ਹੋਈ ਆਪਣੀ ਗੱਲਬਾਤ ਯਾਦ ਕੀਤੀ, ਜਿਸ ਦੌਰਾਨ ਦੋਵਾਂ ਨੇਤਾਵਾਂ ਨੇ ਨਿਵੇਸ਼ ਅਤੇ ਊਰਜਾ ਬਾਰੇ ਕਾਰਜ ਬਲ ਸਥਾਪਤ ਕਰਨ ਦਾ ਫੈਸਲਾ ਕੀਤਾ ਸੀ। ਦੋਵੇਂ ਪੱਖ ਇਸ ਫੈਸਲੇ ਨੂੰ ਲਾਗੂ ਕਰਨ ਲਏ ਕੰਮ ਕਰ ਰਹੇ ਹਨ।

ਮਹਾਮਹਿਮ ਦ ਫਾਦਰ ਅਮੀਰ ਸ਼ੇਖ ਹਮਦ ਬਿਨ ਖਲੀਫਾ ਅਲ ਥਾਨੀ ਨੇ ਕਤਰ ਵਿਚ ਭਾਰਤੀ ਭਾਈਚਾਰੇ ਦੇ ਯੋਗਦਾਨ ਦੀ ਸ਼ਲਾਘਾ ਕੀਤੀ ਅਤੇ ਆਪਣੀਆਂ ਭਾਰਤ ਦੀ ਫੇਰੀ ਨੂੰ ਯਾਦ ਕੀਤਾ। ਵਿਦੇਸ਼ ਮੰਤਰੀ ਨੇ ਭਾਰਤ-ਕਤਰ ਸਬੰਧਾਂ ਬਾਰੇ ਦਿੱਤੀ ਗਈ ਲਗਾਤਰ ਅਗਵਾਈ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਆਲਮੀ ਅਤੇ ਖੇਤਰੀ ਘਟਨਾਕ੍ਰਮ ਬਾਰੇ ਫਾਦਰ ਅਮੀਰ ਦੀ ਸੂਝ-ਬੂਝ ਲਈ ਉਨ੍ਹਾਂ ਦੀ ਸ਼ਲਾਘਾ ਕੀਤੀ।

ਪ੍ਰਧਾਨ ਮੰਤਰੀ ਅਤੇ ਗ੍ਰਿਹ ਮੰਤਰੀ ਮਹਾਮਹਿਮ ਸ਼ੇਖ ਖਾਲਿਦ ਬਿਨ ਖਲੀਫਾ ਬਿਨ ਅਬਦੁਲਅਜ਼ੀਜ਼ ਅਲ ਥਾਨੀ ਅਤੇ ਵਿਦੇਸ਼ ਮੰਤਰੀ ਨੇ ਦੁਵੱਲੇ ਆਰਥਿਕ ਅਤੇ ਸੁਰੱਖਿਆ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਬਾਰੇ ਵਿਚਾਰ ਵਟਾਂਦਰੇ ਕੀਤੇ।

ਵਿਦੇਸ਼ ਮੰਤਰੀ ਨੇ ਉਪ ਪ੍ਰਧਾਨ ਮੰਤਰੀ ਅਤੇ ਵਿਦੇਸ਼ ਮੰਤਰੀ ਮਹਾਮਹਿਮ ਸ਼ੇਖ ਮੁਹੰਮਦ ਬਿਨ ਅਬਦੁੱਰਹਮਾਨ ਬਿਨ ਜਸੀਮ ਅਲ ਥਾਨੀ ਨਾਲ ਆਪਸੀ ਹਿਤ ਦੇ  ਦੁਵੱਲੇ, ਖੇਤਰੀ ਅਤੇ ਆਲਮੀ ਮੁੱਦਿਆਂ ਬਾਰੇ ਵਿਚਾਰ ਵਟਾਂਦਰੇ ਕੀਤੇ. ਦੋਵਾਂ ਮੰਤਰੀਆਂ ਨੇ ਊਰਜਾ, ਵਪਾਰ, ਨਿਵੇਸ਼, ਫੂਡ ਪ੍ਰੋਸੈਸਿੰਗ, ਸਿਹਤ ਸੰਭਾਲ, ਸਿੱਖਿਆ, ਸਭਿਆਚਾਰ, ਰੱਖਿਆ ਅਤੇ ਸੁਰੱਖਿਆ ਵਰਗੇ ਖੇਤਰਾਂ ਵਿੱਚ ਬਹੁਪੱਖੀ ਦੁਵੱਲੇ ਸਬੰਧਾਂ ਨੂੰ ਮਜ਼ਬੂਤ ਕਰਨ ਦੇ ਤਰੀਕਿਆਂ ਬਾਰੇ ਵਿਸਥਾਰਪੂਰਵਕ ਗੱਲਬਾਤ ਕੀਤੀ। ਉਨ੍ਹਾਂ ਨੇ ਬਹੁਪੱਖੀ ਮੰਚਾਂ 'ਤੇ ਆਪਸੀ ਹਿਤ ਦੇ ਸਾਰੇ ਮੁੱਦਿਆਂ  ਬਾਰੇ ਬਾਕਾਇਦਾ ਸਲਾਹ-ਮਸ਼ਵਰੇ ਕਰਨ ਅਤੇ ਤਾਲਮੇਲ ਬਣਾਈ ਰੱਖਣ ਉੱਤੇ

ਸਹਿਮਤੀ ਪ੍ਰਗਟਾਈ। ਵਿਦੇਸ਼ ਮੰਤਰੀ ਨੇ ਕਤਰ ਦੇ ਉਪ ਪ੍ਰਧਾਨ ਮੰਤਰੀ ਅਤੇ ਵਿਦੇਸ਼ ਮੰਤਰੀ ਨੂੰ 2021 ਵਿੱਚ ਸਾਂਝਾ ਕਮੀਸ਼ਨ ਦੀ ਪਹਿਲੀ ਬੈਠਕ ਲਈ ਭਾਰਤ ਆਉਣ ਦਾ ਸੱਦਾ ਦਿੱਤਾ।

ਵਿਦੇਸ਼ ਮੰਤਰੀ ਨੇ ਕਤਰ ਨਾਲ ਸਬੰਧਤ ਵਪਾਰਕ ਆਗੂਆਂ ਨਾਲ ਗੱਲਬਾਤ ਕੀਤੀ, ਜਿਨ੍ਹਾਂ ਵਿੱਚ ਕਤਰ ਚੈਂਬਰ ਆਫ਼ ਕਾਮਰਸ ਐਂਡ ਇੰਡਸਟਰੀ ਅਤੇ ਕਤਰ ਬਿਜ਼ਨਸਮੈਨ ਐਸੋਸੀਏਸ਼ਨ ਦੇ ਚੇਅਰਮੈਨ ਅਤੇ ਬੋਰਡ ਮੈਂਬਰ ਸ਼ਾਮਲ ਹਨ। ਵਿਦੇਸ਼ ਮੰਤਰੀ ਨੇ ਭਾਰਤ ਨਾਲ ਵਪਾਰਕ ਸਾਂਝੇਦਾਰੀ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਲਈ ਉਨਾਂ ਦੀ ਤਾਰੀਫ ਕੀਤੀ ਅਤੇ ਉਨ੍ਹਾਂ ਨੂੰ ਆਤਮਨਿਰਭਰ ਭਾਰਤ ਤੋਂ ਪੈਦਾ ਹੋ ਰਹੇ ਨਵੇਂ ਮੌਕਿਆਂ ਬਾਰੇ ਜਾਣਕਾਰੀ ਦਿੱਤੀ।

ਵਿਦੇਸ਼ ਮੰਤਰੀ ਨੇ ਕਤਰ ਵਿੱਚ ਭਾਰਤੀ ਭਾਈਚਾਰੇ ਨਾਲ ਵਰਚੁਅਲ ਮਾਧਿਅਮ ਰਾਹੀਂ ਗੱਲਬਾਤ ਕੀਤੀ। ਉਨ੍ਹਾਂ ਨੇ COVID -19 ਚੁਣੌਤੀ ਦਾ ਮੁਕਾਬਲਾ ਕਰਨ ਵਿੱਚ ਭਾਰਤੀ ਭਾਈਚਾਰੇ ਦੇ ਯੋਗਦਾਨ ਦੀ ਸ਼ਲਾਘਾ ਕੀਤੀ। ਵਿਦੇਸ਼ ਮੰਤਰੀ ਨੇ ਅਹਿਮਦ ਬਿਨ ਅਲੀ FIFA ਸਟੇਡੀਅਮ ਦਾ ਦੌਰਾ ਕੀਤਾ, ਜੋ ਭਾਰਤੀ ਕੰਪਨੀ L & T ਦੁਆਰਾ ਕਤਰੀ ਭਾਈਵਾਲ ਅਲ ਬਾਲਾਘ ਸਮੂਹ ਦੇ ਸਹਿਯੋਗ ਨਾਲ ਬਣਾਇਆ ਗਿਆ ਹੈ। ਉਨ੍ਹਾਂ ਨੇ ਕਤਰ ਰਾਸ਼ਟਰੀ ਅਜਾਇਬ ਘਰ ਦਾ ਦੌਰਾ ਵੀ ਕੀਤਾ।

ਦੋਹਾ
28 ਦਸੰਬਰ, 2020

DISCLAIMER: This is an approximate translation. The original is available in English on MEA's website and may be referred to as the official press release.